# ਦਫਤਰ ਜਿਲ੍ਹਾ ਸਿੱਖਿਆ ਅਫਸਰ(ਐ.ਸਿੱ.),ਅੰਮ੍ਰਿਤਸਰ

ਪੱਤਰ ਨੰ:ਸਸਅ/ਆਰ.ਟੀ.ਈ/2013/100 ਮਿਤੀ:02/01/2013

ਵੱਲ:

ਮੈਨੇਜਰ / ਚੇਅਰਮੈਨ / ਪ੍ਰਧਾਨ

ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ

ਬਸੰਤ ਐਵੀਨਿਊ

ਅੰਮ੍ਰਿਤਸਰ।

ਵਿਸ਼ਾ:- ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਨਿਯਮਾਂ,2010 ਦੇ ਨਿਯਮ 15 ਦੇ ਉਪ ਨਿਯਮ (4) ਅਧੀਨ, ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦੇ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।

ਸ੍ਰੀਮਾਨ/ ਸ੍ਰੀਮਤੀ ਜੀ,

ਆਪ ਜੀ ਦੀ ਪ੍ਰਤੀ ਬੇਨਤੀ ਵਿੱਚ ਇਸ ਸਬੰਧੀ ਕੀਤੇ ਸਕੂਲ ਨਾਲ ਪੱਤਰ ਵਿਹਾਰ/ਪੜਤਾਲ ਦੇ ਹਵਾਲੇ ਵਿੱਚ ਮੇਰੇ ਵਲੋਂ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ, ਬਸੰਤ ਐਵੀਨਿਊ, ਅੰਮ੍ਰਿਤਸਰ, ਸਕੂਲ ਨੂੰ ਜਮਾਤ ਪ੍ਰੀ-ਪ੍ਰਾਇਮਰੀ ਤੋਂ ਅਠਵੀਂ ਤੱਕ ਇੱਕ ਸਾਲ ਦੇ ਸਮੇਂ ਲਈ ਅਪ੍ਰੈਲ 2012 ਤੋਂ ਮਾਰਚ 2013 ਤੱਕ ਆਰਜ਼ੀ ਮਾਨਤਾ ਦਿਤੀ ਜਾਂਦੀ ਹੈ।

ਉਪਰੋਕਤ ਮਾਨਤਾ ਹੇਠ ਲਿਖੀਆਂ ਸ਼ਰਤਾਂ ਦੇ ਅਧਾਰ ਤੇ ਹੈ:-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਹੈ ਅਤੇ ਕਿਸੇ ਵੀ ਹਾਲਤ ਵਿੱਚ ਇਸ ਦਾ ਮਤਲਬ ਇਹ ਨਹੀਂ ਲਿਆ ਜਾਣਾ ਚਾਹੀਦਾ ਹੈ ਕਿ ਇਹ ਅੱਠਵੀਂ ਜਮਾਤ ਦੀ ਮਾਨਤਾ / ਸਬੰਧਕਰਨ ਲਈ ਲਾਜਮੀ ਹੈ।

2. ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਐਕਟ, 2009 (ਸਾਰਣੀ -1) ਅਤੇ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2010 (ਸਾਰਣੀ -2) ਦੇ ਉਪਬੰਧਾਂ ਦੀ ਪਾਲਣਾ ਕਰੇਗਾ।

3. ਸਕੂਲ ਦੀ ਪਹਿਲੀ ਜਮਾਤ ਵਿੱਚ (ਜਾਂ ਪੂਰਵ ਸਕੂਲ ਜਮਾਤ ਵਿੱਚ ਜੋ ਵੀ ਲਾਗੂ ਹੋਵੇ) ਜਮਾਤ ਦੀ ਕੁੱਲ ਸੰਖਿਆ ਦਾ 25% ਕਮਜ਼ੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ-ਪਾਸ ਦੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫਤ ਅਤੇ ਲਾਜ਼ਮੀ ਮੁਢਲੀ ਸਿੱਖਿਆ, ਇਸ ਦੇ ਪੂਰੇ ਹੋਣ ਤੱਕ ਪੜਤਾਲ ਕਰੇਗਾ।

4. ਸਕੂਲ ਦੇ ਪੈਰਾ 3 ਵਿੱਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰਾ 12 ਦੀ ਉੱਪ ਧਾਰਾ(2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀ ਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।

5. ਸੰਸਥਾ/ ਸਕੂਲ ਕੋਈ ਕੈਪੀਟੇਸ਼ਨ ਫੀਸ ਨਹੀ ਲਵੇਗਾ ਅਤੇ ਬੱਚੇ ਦਾ ਉਸ ਦੇ ਮਾਪਿਆਂ ਜਾ ਸਰਪਰਸ ਦੀ ਚੋਣ ਦੀ ਕੋਈ ਵਿਧੀ ਨਹੀਂ ਅਪਣਾਏਗਾ।

6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੋਂ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ। ਸਕੂਲ ਇਹ ਯਕੀਨੀ ਬਣਾਏਗਾ ਕਿ :-

ੳ. ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਕਲਾਸ ਵਿੱਚ ਵਾਪਿਸ ਨਹੀਂ ਰੱਖਿਆ ਜਾਵੇਗਾ ਜਾਂ ਸਕੂਲ ਵਿਚੋਂ ਕੱਢਿਆ ਨਹੀਂ ਜਾਵੇਗਾ ਜਦੋਂ ਤੱਕ ਕਿ ਉਸ ਦੀ ਮੁਢਲੀ ਸਿੱਖਿਆ ਪੂਰੀ ਨਹੀਂ ਹੋ ਜਾਂਦੀ।

ਅ. ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਦਿੱਤੀ ਜਾਵੇਗੀ।

ੲ. ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਕਿਸੇ ਵੀ ਬੱਚੇ ਨੂੰ ਕੋਈ ਵੀ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀਂ ਹੋਵੇਗੀ।

ਸ. ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ, ਨੂੰ ਨਿਯਮ 25 ਅਨੁਸਾਰ ਪ੍ਰਮਾਣ ਪੱਤਰ ਦਿੱਤਾ ਜਾਵੇਗਾ।

Scanned with OKEN Scanner

ਙ. ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜਰੂਰਤਾਂ/ ਅਪੰਗ ਵਿਦਿਆਰਥੀਆਂ ਦੀ ਸ਼ਮੂਲੀਅਤ:

ਕ. ਅਧਿਆਪਕਾਂ ਲਈ ਇਹ ਜਰੂਰੀ ਹੈ ਕਿ ਉਹ ਧਾਰਾ 23 (1) ਅਧੀਨ ਦਿੱਤੀਆਂ ਘੱਟੋ-ਘੱਟ ਵਿਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ, ਪ੍ਰੰਤੂ ਸ਼ਰਤ ਇਹ ਹੈ ਕਿ ਮੌਜੂਦਾ ਅਧਿਆਪਕ ਜੋ ਇਸ ਐਕਟ ਦੇ ਲਾਗੂ ਹੋਣ ਸਮੇਂ ਘੱਟੋ-ਘੱਟ ਵਿਦਿਅਕ ਯੋਗਤਾਵਾਂ ਪੂਰੀਆਂ ਨਹੀਂ ਕਰਦੇ,ਉਹ 5 ਸਾਲ ਦੇ ਅੰਦਰ ਅੰਦਰ ਘੱਟੋ-ਘੱਟ ਵਿਦਿਅਕ ਯੋਗਤਾ ਪ੍ਰਾਪਤ ਕਰਨਗੇ।

ਖ. ਅਧਿਆਪਕ ਐਕਟ ਦੀ ਧਾਰਾ 24(1) ਅਧੀਨ ਦਰਸਾਈਆਂ ਜਿੰਮੇਵਾਰੀਆਂ ਪੂਰੀਆਂ ਕਰਨਗੇ।

ਗ. ਅਧਿਆਪਕ ਆਪਣੇ ਆਪ ਨੂੰ ਪ੍ਰਾਈਵੇਟ ਟਿਊਸ਼ਨਾਂ ਵਿੱਚ ਮਸ਼ਰੂਫ ਨਹੀਂ ਰੱਖਣਗੇ।

7. ਸਕੂਲ ਪੜ੍ਹਾਈ ਦੇ ਵਿਸ਼ਿਆਂ ਦੇ ਅਧਾਰ ਤੇ ਉਚਿਤ ਅਥਾਰਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ ਪੈਰਵੀ ਕਰਨਗੇ।

8. ਸਕੂਲ ਐਕਟ ਦੀ ਧਾਰਾ 19 ਵਿੱਚ ਨਿਰਧਾਰਤ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ।ਪਿਛਲੀ ਪੜਤਾਲ ਸਮੇਂ ਰਿਪੋਰਟ ਕੀਤੀਆਂ ਸਹੂਲਤਾਂ ਹੇਠ ਦਿੱਤੇ ਅਨੁਸਾਰ ਹਨ:-

- ਸਕੂਲ ਕੈਂਪਸ ਦਾ ਖੇਤਰ 2866.7 sqyd ਹੈ।
- ਕੁੱਲ ਇਮਾਰਤ ਅਧੀਨ ਖੇਤਰ 45129 sqft ਹੈ।
- ਸਕੂਲ ਵਿੱਚ 67 ਅਧਿਆਪਕ ਟ੍ਰੇਂਡ ਅਤੇ 1 ਸਕੂਲਮੁਖੀ ਹੈ।
- ਸੋਸਾਇਟੀ ਬਣੀ ਹੈ। ਰਜਿਸਟ੍ਰੇਸ਼ਨ ਨੰ: 2565 ਹੈ।
- ਪੰਜਾਬੀ ਭਾਸ਼ਾ ਦੀ ਵਰਤੋਂ ਕੀਤੀ ਜਾਂਦੀ ਹੈ।
- ਸਕੂਲ ਵਿਚ ਪਾਣੀ ਦਾ ਪ੍ਰਬੰਧ ਹੈ।ਇਸ ਦਾ ਸੋਰਸ ਸਬਮਰਸੀਬਲ ਪੰਪ ਅਤੇ ਆਰ.ਓ ਹੈ।
- ਸਕੂਲ ਵਿੱਚ ਚਾਰ ਦੀਵਾਰੀ ਹੈ।
- ਸਕੂਲ ਦੀ ਇਮਾਰਤ ਹਵਾਦਾਰ ਹੈ।
- ਸਕੂਲ ਵਿੱਚ ਫਰਨੀਚਰ ਦਾ ਪ੍ਰਬੰਧ ਹੈ।
- ਸਕੂਲ ਵਿਚ ਬਿਜਲੀ ਦਾ ਪ੍ਰਬੰਧ ਹੈ।
- ਸਕੂਲ ਵਿਚ ਟੀ.ਐਲ.ਐਮ ਵਰਤੋਂ ਕੀਤੀ ਜਾਂਦੀ ਹੈ।
- ਬਲੈਕਬੋਰਡ ਨਿਰਧਾਰਿਤ ਸਾਇਜ ਵਿੱਚ ਬਣੇ ਹਨ।
- ਆਮਦਨ ਸੰਬੰਧੀ ਸੀ.ਏ ਰਿਪੋਰਟ ਦਾ ਪ੍ਰਬੰਧ ਹੈ।
- ਜਮਾਤਾਂ ਦੇ ਕਮਰਿਆਂ ਦੀ ਗਿਣਤੀ 66 ਅਤੇ 3 ਹੋਰ ਹੈ।
- ਸਕੂਲ ਵਿੱਚ 19 ਪਖਾਨੇ 10 ਲੜਕੀਆਂ ਅਤੇ 9 ਲੜਕਿਆ ਲਈ ਬਣੇ ਹੋਏ ਹਨ।
- ਸਕੂਲ ਵਿਚ ਲਾਇਬ੍ਰੇਰੀ ਅਤੇ 5000 ਕਿਤਾਬਾਂ ਦਾ ਪ੍ਰਬੰਧ ਹੈ ।
- ਸਕੂਲ ਵਿਚ ਖੇਡ ਦੇ ਮੈਦਾਨ ਅਤੇ ਸਾਮਾਨ ਦਾ ਪ੍ਰਬੰਧ ਹੈ ।
- ਸਕੂਲ ਵਿਚ ਪੌਦੇ / ਦਰਖਤ ਲੱਗੇ ਹੋਏ ਹਨ।
- ਸਕੂਲ ਵਿਚ ਸਕੂਲ ਮੁੱਖੀ ਦਾ ਕਮਰਾ ਹੈ। ।
- ਬਿਲਡਿੰਗ ਸੇਫਟੀ ਸਰਟੀਫਿਕੇਟ ਮੋਜੂਦ ਹੈ।
- ਫਾਇਰ ਸੇਫਟੀ ਸਰਟੀਫਿਕੇਟ ਮੋਜੂਦ ਹੈ।
- ਫਾਇਰ ਸੇਫਟੀ ਸਾਮਾਨ ਨਾਲ ਲੈੱਸ ਹੈ।
- ਕੰਮਕਾਜ ਦੇ ਕੁਲ ਦਿਨ 245 ਹਨ।
- ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਰਿਕਾਰਡ ਪੂਰਾ ਹੈ।

Scanned with OKEN Scanner

9. ਸਕੂਲ ਦੇ ਇਸੇ ਨਾਮ ਤੇ ਸਕੂਲ ਦੀ ਇਮਾਰਤ ਅੰਦਰ ਜਾਂ ਇਸ ਦੇ ਬਾਹਰ ਕੋਈ ਵੀ ਗੈਰ ਮਾਨਤਾ ਪ੍ਰਾਪਤ ਜਮਾਤ ਨਹੀਂ ਚਲਾਈ ਜਾਵੇਗੀ।

10. ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜ੍ਹਾਈ ਜਾਂ ਯੋਗਤਾ ਵਿਕਾਸ ਲਈ ਹੀ ਵਰਤੇ ਜਾਣਗੇ।

11. ਸਕੂਲ ਸੁਸਾਇਟੀ ਰਜਿਸ਼ਟਰੇਸ਼ਨ ਐਕਟ 1860 (1860 ਦਾ 21) ਅਧੀਨ ਰਜਿਸਟਰਡ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ ਸਮੇਂ ਤੇ ਲਾਗੂ ਕਿਸੇ ਕਾਨੂੰਨ ਅਧੀਨ ਸਿਰਜੇ ਗਏ ਟਰੱਸਟ ਦੁਆਰਾ ਚਲਾਇਆ ਜਾ ਰਿਹਾ ਹੈ।

12. ਸਕੂਲ ਕਿਸੇ ਨਿੱਜੀ , ਸਮੂਹ ਜਾਂ ਵਿਅਕਤੀਆਂ ਦੇ ਸਮੂਹਾਂ ਜਾਂ ਕਿਸੇ ਹੋਰ ਵਿਅਕਤੀ ਦੇ ਲਾਭ ਲਈ ਨਹੀਂ ਚਲਾਇਆ ਜਾ ਰਿਹਾ।

13. ਲੇਖੇ ਕਿਸੇ ਪ੍ਰਮਾਣਿਤ ਚਾਰਟਿਡ ਲੇਖਾਕਾਰ ਦੁਆਰਾ ਆਡਿਟ ਕੀਤਾ ਜਾਣਾ ਚਾਹੀਦਾ ਹੈ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀ ਸਟੇਟਮੈਂਟ ਤਿਆਰ ਕੀਤੀ ਜਾਵੇਗੀ। ਹਰ ਲੇਖਾਸਾਰਨੀ ਦੀ ਇੱਕ ਕਾਪੀ ਹਰ ਸਾਲ ਜਿਲ੍ਹਾ ਸਿੱਖਿਆ ਅਫਸਰ ਨੂੰ ਭੇਜੀ ਜਾਵੇਗੀ।

14. ਆਪ ਦੇ ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰਬਰ ਆਰ.ਟੀ.ਈਅੰਮ੍ਰਿਤਸਰ-00603 ਹੈ। ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਇਸ ਦਫਤਰ ਨਾਲ ਪੱਤਰ ਵਿਹਾਰ ਕਰਦੇ ਸਮੇਂ ਇਹ ਦਰਜ ਕੀਤਾ ਜਾਵੇ।

15. ਸਕੂਲ ਜਿਲ੍ਹਾ ਸਿੱਖਿਆ ਅਧਿਕਾਰ ਦੁਆਰਾ ਸਮੇਂ ਸਮੇਂ ਤੇ ਮੰਗੀ ਗਈ ਸੂਚਨਾਂ ਪੇਸ਼ ਕਰੇਗਾ ਅਤੇ ਉਚਿਤ ਅਥਾਰਟੀ ਜਾਂ ਜਿਲ੍ਹਾ ਸਿੱਖਿਆ ਅਧਿਕਾਰੀ ਹਦਾਇਤਾਂ ਜੋ ਮਾਨਤਾ ਪ੍ਰਾਪਤੀ ਦੀਆਂ ਸ਼ਰਤਾਂ ਪੂਰੀਆਂ ਕਰਨ ਜਾਂ ਸਕੂਲ ਦੇ ਕੰਮਕਾਜ ਵਿੱਚ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਕੀਤੀਆਂ ਜਾਣਗੀਆਂ ਦੀ ਪਾਲਣਾ ਕਰੇਗਾ।

16. ਸੰਸਥਾਂ ਦੀ ਰਜਿਸਟਰੇਸ਼ਨ ਜਾਂ ਨਵੀਨੀਕਰਨ ਜੇਕਰ ਕੋਈ ਜਰੂਰੀ ਹੋਵੇ ਕਰਵਾਉਣਾ ਯਕੀਨੀ ਬਣਾਇਆ ਜਾਵੇ।

17. ਦੂਜੀਆਂ ਸ਼ਰਤਾਂ ਹੇਠ ਲਿਖੇ ਅਨੁਸਾਰ ਹਨ:-

ਜਿਲ੍ਹਾ ਸਿੱਖਿਆ ਅਫਸਰ (ਐ.ਸਿ)
ਅੰਮ੍ਰਿਤਸਰ। 21/1/13

ਪੜਤਾਲ ਕਰਤਾ

ਉਪ-ਜਿਲ੍ਹਾ ਸਿੱਖਿਆ ਅਫਸਰ (ਐ.ਸਿ) ,
ਅੰਮ੍ਰਿਤਸਰ।